ਆਸਾ ਮਹਲਾ ੫ ਬਿਰਹੜੇ ਘਰੁ ੪ ਛੰਤਾ ਕੀ ਜਤਿ ੴ ਸਤਿਗੁਰ ਪ੍ਰਸਾਦਿ ॥ ਪਾਰਬ੍ਰਹਮੁ ਪ੍ਰਭੁ ਸਿਮਰੀਐ ਪਿਆਰੇ ਦਰਸਨ ਕਉ ਬਲਿ ਜਾਉ ॥ ੧॥ ਜਿਸੁ ਸਿਮਰਤ ਦੁਖ ਬੀਸਰਹਿ ਪਿਆਰੇ ਸੋ ਕਿਉ ਤਜਣਾ ਜਾਇ ॥੨॥ ਇਹੁ ਤਨੁ ਵੇਚੀ ਸੰਤ ਪਹਿ ਪਿਆਰੇ ਪ੍ਰੀਤਮੁ ਦੇਇ ਮਿਲਾਇ ॥ ੩॥ ਸੁਖ ਸੀਗਾਰ ਬਿਖਿਆ ਕੇ ਫੀਕੇ ਤਜਿ ਛੋਡੇ ਮੇਰੀ ਮਾਇ ॥ ੪॥ ਕਾਮੁ ਕ੍ਰੋਧੁ ਲੋਭੁ ਤਜਿ ਗਏ ਪਿਆਰੇ ਸਤਿਗੁਰ ਚਰਨੀ ਪਾਇ ॥੫॥ ਜੋ ਜਨ ਰਾਤੇ ਰਾਮ ਸਿਉ ਪਿਆਰੇ ਅਨਤ ਨ ਕਾਹੂ ਜਾਇ ॥੬॥ ਹਰਿ ਰਸੁ ਜਿਨ੍ਹੀ ਚਾਖਿਆ ਪਿਆਰੇ ਤ੍ਰਿਪਤਿ ਰਹੇ ਆਘਾਇ ॥ ੭॥ ਅੰਚਲੁ ਗਹਿਆ ਸਾਧ ਕਾ ਨਾਨਕ ਭੈ ਸਾਗਰੁ ਪਾਰਿ ਪਰਾਇ ॥੮॥੧॥੩॥ ਜਨਮ ਮਰਣ ਦੁਖੁ ਕਟੀਐ ਪਿਆਰੇ ਜਬ ਭੇਟੈ ਹਰਿ ਰਾਇ ॥੧॥ ਸੁੰਦਰੁ ਸੁਘਰੁ ਸੁਜਾਣੁ ਪ੍ਰਭੁ ਮੇਰਾ ਜੀਵਨੁ ਦਰਸੁ ਦਿਖਾਇ ॥ ੨॥ ਜੋ ਜੀਅ ਤੁਝ ਤੇ ਬੀਛੁਰੇ ਪਿਆਰੇ ਜਨਮਿ ਮਰਹਿ ਬਿਖੁ ਖਾਇ ॥੩॥ ਜਿਸੁ ਤੂੰ ਮੇਲਹਿ ਸੋ ਮਿਲੈ ਪਿਆਰੇ ਤਿਸ ਕੈ ਲਾਗਉ ਪਾਇ ॥੪॥ ਜੋ ਸੁਖੁ ਦਰਸਨੁ ਪੇਖਤੇ ਪਿਆਰੇ ਮੁਖ ਤੇ ਕਹਣੁ ਨ ਜਾਇ ॥੫॥ ਸਾਚੀ ਪ੍ਰੀਤਿ ਨ ਤੁਟਈ ਪਿਆਰੇ ਜੁਗੁ ਜੁਗੁ ਰਹੀ ਸਮਾਇ ॥੬॥ ਜੋ ਤੁਧੁ ਭਾਵੈ ਸੋ ਭਲਾ ਪਿਆਰੇ ਤੇਰੀ ਅਮਰੁ ਰਜਾਇ ॥ ੭॥ ਨਾਨਕ ਰੰਗਿ ਰਤੇ ਨਾਰਾਇਣੈ ਪਿਆਰੇ ਮਾਤੇ ਸਹਜਿ ਸੁਭਾਇ ॥ ੮॥੨॥੪॥ ਸਭ ਬਿਧਿ ਤੁਮ ਹੀ ਜਾਨਤੇ ਪਿਆਰੇ ਕਿਸੁ ਪਹਿ ਕਹਉ ਸੁਨਾਇ ॥ ੧॥ ਤੂੰ ਦਾਤਾ ਜੀਆ ਸਭਨਾ ਕਾ ਤੇਰਾ ਦਿਤਾ ਪਹਿਰਹਿ ਖਾਇ ॥ ੨॥ ਸੁਖੁ ਦੁਖੁ ਤੇਰੀ ਆਗਿਆ ਪਿਆਰੇ ਦੂਜੀ ਨਾਹੀ ਜਾਇ ॥ ੩॥ ਜੋ ਤੂੰ ਕਰਾਵਹਿ ਸੋ ਕਰੀ ਪਿਆਰੇ ਅਵਰੁ ਕਿਛੁ ਕਰਣੁ ਨ ਜਾਇ ॥ ੪॥ ਦਿਨੁ ਰੈਣਿ ਸਭ ਸੁਹਾਵਣੇ ਪਿਆਰੇ ਜਿਤੁ ਜਪੀਐ ਹਰਿ ਨਾਉ ॥੫॥ ਸਾਈ ਕਾਰ ਕਮਾਵਣੀ ਪਿਆਰੇ ਧੁਰਿ ਮਸਤਕਿ ਲੇਖੁ ਲਿਖਾਇ ॥ ੬॥ ਏਕੋ ਆਪਿ ਵਰਤਦਾ ਪਿਆਰੇ ਘਟਿ ਘਟਿ ਰਹਿਆ ਸਮਾਇ ॥ ੭॥ ਸੰਸਾਰ ਕੂਪ ਤੇ ਉਧਰਿ ਲੈ ਪਿਆਰੇ ਨਾਨਕ ਹਰਿ ਸਰਣਾਇ ॥੮॥੩॥੨੨॥੧੫॥੨॥੪੨॥ {ਪੰਨਾ 431-432}

ਨੋਟ:- ਬਿਰਹੜੇ—ਬਿਰਹੁ-ਭਰੇ। ਇਹ 'ਬਿਰਹੜੇ' ਗਿਣਤੀ ਵਿਚ 3 ਹਨ, ਅਸਟਪਦੀਆਂ ਵਿਚ ਹੀ ਗਿਣੇ ਗਏ ਹਨ। ਜਤਿ—ਚਾਲ। ਇਹਨਾਂ ਦੀ ਚਾਲ ਛੰਤਾਂ ਵਾਲੀ ਹੈ।

ਪਦਅਰਥ:- ਬਲਿ ਜਾਉ—ਮੈਂ ਕੁਰਬਾਨ ਜਾਂਦਾ ਹਾਂ (ਜਾਉਂ)।1।

ਬੀਸਰਹਿ—ਭੁੱਲ ਜਾਂਦੇ ਹਨ। ਸੋ—ਉਸ (ਪ੍ਰਭੂ) ਨੂੰ।2।

ਵੇਚੀ—ਵੇਚੀਂ; ਮੈਂ ਵੇਚ ਦਿਆਂ। ਸੰਤ ਪਹਿ—ਗੁਰੂ ਦੇ ਪਾਸ। ਦੇਇ ਮਿਲਾਇ—ਮਿਲਾ ਦੇਂਦਾ ਹੈ।3।

ਬਿਖਿਆ—ਮਾਇਆ। ਮਾਇ—ਹੇ ਮਾਂ!।4।

ਪਾਇ—ਪੈ ਕੇ, ਪਿਆਂ।5।

ਅਨਤ—(ANXØ[) ਕਿਸੇ ਹੋਰ ਥਾਂ। ਜਾਇ—ਜਾਂਦਾ।6।

ਰਹੇ ਆਘਾਇ—ਰੱਜੇ ਰਹਿੰਦੇ ਹਨ।7।

ਅੰਚਲੁ—ਪੱਲਾ। ਗਹਿਆ—ਫੜਿਆ। ਸਾਧ—ਗੁਰੂ। ਭੈ—ਭਿਆਨਕ। ਪਾਰਿ ਪਰਾਇ—ਪਾਰਿ ਪਰੈ।8।

ਅਰਥ:- ਹੇ ਪਿਆਰੇ! ਸਦਾ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, ਮੈਂ ਉਸ ਪਰਮਾਤਮਾ ਦੇ ਦਰਸਨ ਤੋਂ ਸਦਕੇ ਜਾਂਦਾ ਹਾਂ।1।

ਹੇ ਪਿਆਰੇ! ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਸਾਰੇ ਦੁੱਖ ਭੁੱਲ ਜਾਂਦੇ ਹਨ, ਉਸ ਨੂੰ ਛੱਡਣਾ ਨਹੀਂ ਚਾਹੀਦਾ।2।

ਹੇ ਪਿਆਰੇ! ਮੈਂ ਤਾਂ ਆਪਣਾ ਇਹ ਸਰੀਰ ਉਸ ਗੁਰੂ ਦੇ ਪਾਸ ਵੇਚਣ ਨੂੰ ਤਿਆਰ ਹਾਂ ਜਿਹੜਾ ਪ੍ਰੀਤਮ-ਪ੍ਰਭੂ ਨਾਲ ਮਿਲਾ ਦੇਂਦਾ ਹੈ।3।

ਹੇ ਮੇਰੀ ਮਾਂ! ਮੈਂ ਮਾਇਆ ਦੇ ਸੁਖ ਮਾਇਆ ਦੇ ਸੁਹਜ ਸਭ ਛੱਡ ਦਿੱਤੇ ਹਨ (ਨਾਮ-ਰਸ ਦੇ ਟਾਕਰੇ ਤੇ ਇਹ ਸਾਰੇ) ਬੇ-ਸੁਆਦੇ ਹਨ।4।

ਹੇ ਪਿਆਰੇ! ਜਦੋਂ ਦਾ ਮੈਂ ਗੁਰੂ ਦੀ ਚਰਨੀਂ ਜਾ ਪਿਆ ਹਾਂ, ਕਾਮ ਕ੍ਰੋਧ ਲੋਭ ਆਦਿਕ ਸਾਰੇ ਮੇਰਾ ਖਹਿੜਾ ਛੱਡ ਗਏ ਹਨ।5।

ਹੇ ਪਿਆਰੇ! ਜੇਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਰੰਗੇ ਜਾਂਦੇ ਹਨ (ਪਰਮਾਤਮਾ ਨੂੰ ਛੱਡ ਕੇ ਉਹਨਾਂ ਵਿਚੋਂ ਕੋਈ ਭੀ) ਕਿਸੇ ਹੋਰ ਥਾਂ ਨਹੀਂ ਜਾਂਦਾ।6।

ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਲੈਂਦੇ ਹਨ ਉਹ (ਮਾਇਕ ਪਦਾਰਥਾਂ ਵਲੋਂ) ਤ੍ਰਿਪਤ ਹੋ ਜਾਂਦੇ ਹਨ, ਰੱਜ ਜਾਂਦੇ ਹਨ।6।

ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦਾ ਪੱਲਾ ਫੜ ਲਿਆ ਉਹ ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।8।1।3।

ਨੋਟ:- ਅੰਕ 1 ਦਾ ਭਾਵ ਹੈ 'ਬਿਰਹੜਾ' ਨੰ: 1।

ਅੰਕ 3—ਪਿਛਲੀਆਂ 2 ਅਸ਼ਟਪਦੀਆਂ ਮਹਲਾ 5 ਅਤੇ ਇਹ 1 ਬਿਰਹੜਾ, ਜੋੜ—3।

ਪਦਅਰਥ:- ਕਟੀਐ—ਕੱਟਿਆ ਜਾਂਦਾ ਹੈ। ਹਰਿਰਾਇ—ਪ੍ਰਭੂ-ਪਾਤਿਸ਼ਾਹ।1।

ਸੁਘਰੁ—ਸੁਘੜ, ਸੋਹਣੀ ਆਤਮਕ ਘਾੜਤ ਵਾਲਾ, ਸੁਚੱਜਾ। ਸੁਜਾਣੁ—ਸਿਆਣਾ। ਜੀਵਨੁ—ਜ਼ਿੰਦਗੀ। ਦਿਖਾਇ—ਵਿਖਾਂਦਾ ਹੈ।2।

ਜੀਅ—{'ਜੀਉ' ਤੋਂ ਬਹੁ-ਵਚਨ}। ਤੇ—ਤੋਂ। ਬਿਖੁ—ਜ਼ਹਰ। ਖਾਇ—ਖਾ ਕੇ।3।

ਤਿਸ ਕੈ ਪਾਇ—ਉਸ ਦੀ ਪੈਰੀਂ। ਲਾਗਉ—ਲਾਗਉਂ, ਮੈਂ ਲੱਗਦਾ ਹਾਂ।4।

ਪੇਖਤੇ—ਵੇਖਦਿਆਂ। ਮੁਖ ਤੇ—ਮੂੰਹੋਂ।5।

ਤੁਟਈ—ਤੁਟਏ, ਤੁਟੈ, ਟੁੱਟਦੀ। ਜੁਗੁ ਜੁਗੁ—ਹਰੇਕ ਜੁਗ ਵਿਚ, ਸਦਾ ਲਈ।6।

ਅਮਰੁ—ਨਾਹ ਮਰਨ ਵਾਲੀ। ਰਜਾਇ—ਰਜ਼ਾ, ਭਾਣਾ, ਹੁਕਮ।7।

ਮਾਤੇ—ਮਸਤ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ। ਰੰਗਿ—ਰੰਗ ਵਿਚ, ਪਿਆਰ ਵਿਚ।8।

ਅਰਥ:- ਹੇ ਪਿਆਰੇ! ਜਦੋਂ ਪ੍ਰਭੂ-ਪਾਤਿਸ਼ਾਹ ਮਿਲ ਪੈਂਦਾ ਹੈ ਤਦੋਂ ਜਨਮ ਮਰਨ ਦੇ ਗੇੜ ਦਾ ਦੁੱਖ ਕੱਟਿਆ ਜਾਂਦਾ ਹੈ।1।

ਹੇ ਭਾਈ! (ਮੇਰਾ) ਪ੍ਰਭੂ (-ਪਾਤਿਸ਼ਾਹ) ਸੋਹਣਾ ਹੈ ਸੁਚੱਜਾ ਹੈ ਸਿਆਣਾ ਹੈ, ਜਦੋਂ ਉਹ ਮੈਨੂੰ ਦੀਦਾਰ ਦੇਂਦਾ ਹੈ ਮੇਰੇ ਅੰਦਰ ਜਾਨ ਪੈ ਜਾਂਦੀ ਹੈ (ਪ੍ਰਭੂ ਦਾ ਦੀਦਾਰ ਹੀ ਮੇਰੀ ਜ਼ਿੰਦਗੀ ਹੈ)।2।

ਹੇ ਪਿਆਰੇ ਪ੍ਰਭੂ! ਜੇਹੜੇ ਜੀਵ ਤੈਥੋਂ ਵਿਛੁੜ ਜਾਂਦੇ ਹਨ ਉਹ (ਮਾਇਆ ਦੇ ਮੋਹ ਦਾ) ਜ਼ਹਰ ਖਾ ਕੇ ਮਨੁੱਖਾ ਜਨਮ

ਵਿਚ ਆਏ ਹੋਏ ਭੀ ਆਤਮਕ ਮੌਤੇ ਮਰ ਜਾਂਦੇ ਹਨ।3।

(ਪਰ,) ਹੇ ਪਿਆਰੇ ਜੀਵ! (ਜੀਵਾਂ ਦੇ ਕੀਹ ਵੱਸ?) ਜਿਸ ਜੀਵ ਨੂੰ ਤੂੰ ਆਪ (ਆਪਣੇ ਨਾਲ) ਮਿਲਾਂਦਾ ਹੈਂ ਉਹੀ ਤੈਨੂੰ ਮਿਲਦਾ ਹੈ। ਮੈਂ ਉਸ (ਵਡ-ਭਾਗੀ) ਦੇ ਚਰਨੀਂ ਲੱਗਦਾ ਹਾਂ।4।

ਹੇ ਪਿਆਰੇ (ਪ੍ਰਭੂ)! ਤੇਰਾ ਦਰਸਨ ਕੀਤਿਆਂ ਜੇਹੜਾ ਆਨੰਦ (ਅਨੁਭਵ ਹੁੰਦਾ ਹੈ) ਉਹ ਮੂੰਹੋਂ ਦੱਸਿਆ ਨਹੀਂ ਜਾ ਸਕਦਾ।5।

ਹੇ ਪਿਆਰੇ! ਜਿਸ ਨੇ ਸਦਾ-ਥਿਰ ਪ੍ਰਭੂ ਨਾਲ ਪੱਕਾ ਪਿਆਰ ਪਾ ਲਿਆ, ਉਸ ਦਾ ਉਹ ਪਿਆਰ ਕਦੇ ਟੁੱਟ ਨਹੀਂ ਸਕਦਾ, ਉਹ ਪਿਆਰ ਤਾਂ ਜੁਗਾਂ ਪ੍ਰਯੰਤ ਉਸ ਦੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ।6।

ਹੇ ਪਿਆਰੇ (ਪ੍ਰਭੂ)! ਤੇਰਾ ਹੁਕਮ ਅਮਿੱਟ ਹੈ, ਜੀਵਾਂ ਵਾਸਤੇ ਉਹੀ ਕੰਮ ਭਲਾਈ ਵਾਲਾ ਹੈ ਜੇਹੜਾ ਤੈਨੂੰ ਚੰਗਾ ਲੱਗਦਾ ਹੈ।7।

ਹੇ ਨਾਨਕ! (ਆਖ—) ਹੇ ਪਿਆਰੇ! ਜੇਹੜੇ ਮਨੁੱਖ ਨਾਰਾਇਣ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ ਉਹ ਉਸ ਪ੍ਰੇਮ ਵਿਚ ਮਸਤ ਰਹਿੰਦੇ ਹਨ।8।2।4।

ਪਦਅਰਥ:- ਬਿਧਿ—ਢੰਗ। ਪਹਿ—ਪਾਸ। ਕਹਉ—ਕਹਉਂ, ਮੈਂ ਆਖਾਂ। ਸੁਨਾਇ—ਸੁਣਾ ਕੇ।1।

ਪਹਿਰਹਿ—ਪਹਿਨਦੇ ਹਨ। ਖਾਇ—ਖਾਂਦਾ ਹੈ।2।

ਆਗਿਆ—ਹੁਕਮ। ਜਾਇ—ਥਾਂ।3।

ਕਰੀ—ਕਰੀਂ, ਮੈਂ ਕਰਦਾ ਹਾਂ। ਅਵਰੁ—ਹੋਰ।4।

ਰੈਣਿ—ਰਾਤ। ਸੁਹਾਵਣੇ—ਸੋਹਣੇ, ਸੁਖਦਾਈ। ਜਿਤੁ—ਜਿਸ ਵਿਚ।5।

ਸਾਈ—ਉਹੀ। ਧੁਰਿ—ਧੁਰ ਤੋਂ। ਮਸਤਕਿ—ਮੱਥੇ ਉਤੇ। ਲਿਖਾਇ—ਲਿਖਾ ਕੇ।6।

ਏਕੋ ਆਪਿ—ਪਰਮਾਤਮਾ ਇਕ ਆਪ ਹੀ। ਘਟਿ ਘਟਿ—ਹਰੇਕ ਘਟ ਵਿਚ।7।

ਕੂਪ—ਖੂਹ। ਤੇ—ਤੋਂ, ਵਿਚੋਂ। ਉਧਰਿ ਲੈ—ਬਚਾ ਲੈ।8।

ਅਰਥ:- ਹੇ ਪਿਆਰੇ ਪ੍ਰਭੂ! (ਆਪਣੇ ਪੈਦਾ ਕੀਤੇ ਜੀਵਾਂ ਨੂੰ ਦਾਤਾਂ ਦੇਣ ਦੇ) ਸਾਰੇ ਤਰੀਕੇ ਤੂੰ ਆਪ ਹੀ ਜਾਣਦਾ ਹੈਂ। ਮੈਂ ਹੋਰ ਕਿਸ ਨੂੰ ਸੁਣਾ ਕੇ ਆਖਾਂ?।1।

ਹੇ ਪ੍ਰਭੂ! ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਤੂੰ ਆਪ ਹੀ ਹੈਂ। (ਸਾਰੇ ਜੀਵ ਤੇਰੇ ਦਿੱਤੇ ਬਸਤ੍ਰ ਪਹਿਨਦੇ ਹਨ, (ਹਰੇਕ ਜੀਵ ਤੇਰਾ ਦਿੱਤਾ ਅੰਨ) ਖਾਂਦਾ ਹੈ।2।

ਹੇ ਪਿਆਰੇ ਪ੍ਰਭੂ! ਤੇਰੇ ਹੁਕਮ ਵਿਚ ਹੀ (ਜੀਵ ਨੂੰ) ਕਦੇ ਸੁਖ ਮਿਲਦਾ ਹੈ ਕਦੇ ਦੁੱਖ। (ਤੈਥੋਂ ਬਿਨਾ ਜੀਵ ਵਾਸਤੇ) ਕੋਈ ਹੋਰ (ਆਸਰੇ ਦੀ) ਥਾਂ ਨਹੀਂ ਹੈ।3।

ਹੇ ਪਿਆਰੇ ਪ੍ਰਭੂ! ਮੈਂ ਉਹੀ ਕੁਝ ਕਰ ਸਕਦਾ ਹਾਂ ਜੋ ਤੂੰ ਮੈਥੋਂ ਕਰਾਂਦਾ ਹੈਂ (ਤੈਥੋਂ ਆਕੀ ਹੋ ਕੇ) ਹੋਰ ਕੁਝ ਭੀ ਕੀਤਾ ਨਹੀਂ ਜਾ ਸਕਦਾ।4।

ਹੇ ਪਿਆਰੇ ਹਰੀ! ਉਹ ਹਰੇਕ ਦਿਨ ਰਾਤ ਸਾਰੇ ਸੋਹਣੇ ਲੱਗਦੇ ਹਨ ਜਦੋਂ ਤੇਰਾ ਨਾਮ ਸਿਮਰਿਆ ਜਾਂਦਾ ਹੈ।5।

ਹੇ ਪਿਆਰੇ ਪ੍ਰਭੂ! ਤੇਰੀ ਧੁਰ ਦਰਗਾਹ ਤੋਂ (ਆਪ ਆਪਣੇ) ਮੱਥੇ (ਕਰਮਾਂ ਦਾ ਜੇਹੜਾ) ਲੇਖਾ ਲਿਖਾ ਕੇ (ਅਸੀਂ ਜੀਵ ਆਏ ਹਾਂ, ਉਸ ਲੇਖ ਅਨੁਸਾਰ) ਉਹੀ ਕੰਮ (ਅਸੀਂ ਜੀਵ) ਕਰ ਸਕਦੇ ਹਾਂ।6।

ਹੇ ਪਿਆਰੇ ਪ੍ਰਭੂ! ਤੂੰ ਇਕ ਆਪ ਹੀ (ਸਾਰੇ ਜਗਤ ਵਿਚ) ਮੌਜੂਦ ਹੈਂ, ਹਰੇਕ ਸਰੀਰ ਵਿਚ ਤੂੰ ਆਪ ਹੀ ਟਿਕਿਆ ਹੋਇਆ ਹੈਂ।7।

ਹੇ ਨਾਨਕ! (ਆਖ—) ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ ਮੈਨੂੰ (ਮਾਇਆ ਦੇ ਮੋਹ-ਭਰੇ) ਸੰਸਾਰ-ਖੂਹ ਵਿਚੋਂ ਕੱਢ ਲੈ।8।3। 22।15।2। 42।

. . . . ਬਿਰਹੜੇ — — 3
ਅਸਟਪਦੀਆ ਮ: 1 — 22
ਅਸਟਪਦੀਆ ਮ: 3 — 15
ਅਸਟਪਦੀਆ ਮ: 5 — 2
. . . . . ——
. . . . ਜੋੜ 42